# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 29-05-2024**

- ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਖੁੱਲ੍ਹੇ ਆਮ ਚੋਣ ਪ੍ਰਚਾਰ ਭਲਕੇ ਸ਼ਾਮ ਪੰਜ ਵਜੇ ਬੰਦ ਹੋ ਜਾਵੇਗਾ।
- BJP ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਹੁਸ਼ਿਆਰਪੁਰ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਨਗੇ, ਕਾਂਗਰਸ ਆਗੂ ਰਾਹੁਲ ਗਾਂਧੀ ਸਮੇਤ ਕਈ ਹੋਰਨਾਂ ਪਾਰਟੀਆਂ ਦੇ ਆਗੂਆਂ ਨੇ ਅੱਜ ਵੱਖ ਵੱਖ ਥਾਈਂ ਚੋਣ ਪ੍ਰਚਾਰ ਕੀਤਾ।
- ਮੌਸਮ ਵਿਭਾਗ ਅਨੁਸਾਰ ਭਲਕੇ 30 ਮਈ ਤੋਂ ਪਹਿਲੀ ਜੂਨ ਤਕ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ।

---

ਪੰਜਾਬ ਵਿਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ ਅਤੇ ਖੁੱਲ੍ਹੇ ਆਮ ਚੋਣ ਪ੍ਰਚਾਰ ਵਿਚ ਸਿਰਫ ਕਲ ਦਾ ਹੀ ਦਿਨ ਬਾਕੀ ਏ। ਇਸ ਲਈ ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਪੂਰੀ ਵਾਹ ਲਗਾ ਰਹੇ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 30 ਮਈ ਨੂੰ ਹੁਸ਼ਿਆਰਪੁਰ ਵਿਚ ਪਾਰਟੀ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਦੇ ਹੱਕ ਵਿਚ ਇਕ ਚੋਣ ਰੈਲੀ ਨੂੰ ਸੰਬੋਧਤ ਕਰਨਗੇ। ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਜਲੰਧਰ ਵਿਚ ਕਾਰੋਬਾਰੀਆਂ ਨਾਲ ਇਕ ਮੀਟਿੰਗ ਕੀਤੀ ਅਤੇ ਕਿਹਾ ਕਿ ਸੂਬਾ ਸਰਕਾਰ ਨੇ ਕਾਰੋਬਾਰੀਆਂ ਦੇ ਹੱਕ ਵਿਚ ਕਈ ਫੈਸਲੇ ਲਏ ਨੇ। ਉਧਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਆਨੰਦਪੁਰ ਸਾਹਿਬ ਲੋਕਸਭਾ ਹਲਕੇ ਵਿਚ ਚੋਣ ਪ੍ਰਚਾਰ ਲਈ ਰੋਡ ਸ਼ੋਅ ਕੀਤਾ। ਸ਼੍ਰੋਮਣੀ ਅਕਾਲੀ ਦਲ ਦੇ

ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਵੱਖ ਵੱਖ ਥਾਂਵਾਂ ਤੇ ਚੋਣ ਰੈਲੀਆਂ ਕਰ ਰਹੇ ਨੇ।

-----------------------------------------------------------

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਨੇ, ਲੁਧਿਆਣਾ ਦੇ ਦਾਖਾ ਹਲਕੇ ਵਿਚ ਇਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿਚ ਨਸ਼ੇ ਦਾ ਮੁੱਦਾ ਬਣਿਆ ਹੋਇਆ ਏ ਅਤੇ ਇਹ ਨਸ਼ਾ ਵਧਦਾ ਹੀ ਜਾ ਰਿਹਾ ਏ। ਉਨਾਂ ਇਸ ਬਾਰੇ ਸਖਤ ਕਾਰਵਾਈ ਕਰਨ ਦੀ ਜਰੂਰਤ ਤੇ ਜ਼ੋਰ ਦਿੱਤਾ। ਉਨਾਂ ਕਿਹਾ ਕਿ ਅਗਨੀਵੀਰ ਯੋਜਨਾ ਦੇਸ਼ ਦਾ ਅਪਮਾਨ ਏ ਅਤੇ ਇਸ ਨੂੰ ਇੰਡੀਆ ਗਠਜੋੜ ਸਰਕਾਰ ਵਾਪਿਸ ਲਵੇਗੀ। ਰਾਹੁਲ ਗਾਂਧੀ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਨੇ, 22 ਅਰਬਪਤੀ ਬਣਾਏ ਨੇ ਪਰ ਉਨਾਂ ਦੀ ਸਰਕਾਰ ਕਰੋੜਾਂ ਲੋਕਾਂ ਨੂੰ ਲੱਖਪਤੀ ਬਣਾਵੇਗੀ। ਉਨਾਂ ਕਿਸਾਨਾਂ ਨਾਲ MSP ਲਾਗੂ ਕਰਨ ਦਾ ਵਾਅਦਾ ਕਰਦਿਆਂ ਕਿਹਾ ਕਿ ਕਿਸਾਨਾਂ ਦਾ ਕਰਜ਼ਾ ਵੀ ਮਾਫ ਕੀਤਾ ਜਾਵੇਗਾ। ਕਾਂਗਰਸ ਆਗੂ ਨੇ ਕਿਹਾ ਕਿ ਇਹ ਲੋਕਸਭਾ ਚੋਣ ਸੰਵਿਧਾਨ ਨੂੰ ਬਚਾਉਣ ਦੀ ਚੋਣ ਏ।

-----------------------------------------------------

ਭਾਰਤੀ ਜਨਤਾ ਪਾਰਟੀ ਦੇ ਦਿੱਲੀ ਤੋਂ ਸੰਸਦ ਮੈਂਬਰ ਮਨੋਜ ਤਿਵਾੜੀ ਨੇ, ਮੋਗਾ ਵਿਖੇ ਲੋਕ ਸਭਾ ਹਲਕਾ ਫਰੀਦਕੋਟ ਦੇ ਉਮੀਦਵਾਰ ਹੰਸ ਰਾਜ ਹੰਸ ਦੇ ਹੱਕ ਵਿਚ ਪ੍ਰਚਾਰ ਕੀਤਾ। ਉਨਾਂ ਪ੍ਰਵਾਸੀ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰੇਂਦਰ ਮੋਦੀ ਦੀ ਸ਼ਖਸੀਅਤ ਦਾ ਸਮੁੱਚੇ ਵਿਸ਼ਵ 'ਚ ਬੇਹੱਦ ਪ੍ਰਭਾਵ ਏ ਅਤੇ ਮੋਦੀ ਸਰਕਾਰ ਦੇ 10 ਸਾਲਾਂ ਦੇ ਕਾਰਜਕਾਲ ਦੌਰਾਨ ਨਾ ਸਿਰਫ਼ ਦੇਸ਼ ਦੀ ਅਰਥ-ਵਿਵਥਾ ਵਿਚ ਚੋਖਾ ਸੁਧਾਰ ਹੋਇਆ ਏ, ਬਲਕਿ ਸਰਕਾਰ ਨੇ ਮਜਬੂਤੀ ਨਾਲ ਫੈਸਲੇ ਵੀ ਲਏ ਨੇ । ਉਨਾਂ ਕਿਹਾ ਕਿ ਕਰਤਾਰਪੁਰ ਲਾਘਾਂ ਖੋਲ੍ਹਣ ਤੋਂ ਲੈ ਕੇ ਅਫਗਾਨਿਸਤਾਨ ਵਿਚ ਫਸੇ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਵਤਨ ਵਾਪਸੀ ਯਕੀਨੀ ਕਰਦਿਆਂ, ਪ੍ਰਧਾਨ ਮੰਤਰੀ ਨੇ ਆਪਣੀ ਕੌਮਾਂਤਰੀ ਪਹੁੰਚ ਦਾ ਪ੍ਰਗਟਾਵਾ ਕੀਤਾ ਏ।

-----------------------------------------------------

ਪੰਜਾਬ ਦੇ ਚਾਰ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜ਼ਪੁਰ ਅਤੇ ਕਪੂਰਥਲਾ ਵਿੱਚ ਫੈਲੇ ਖਡੂਰ ਸਾਹਿਬ ਲੋਕ ਸਭਾ ਹਲਕੇ ਵਿੱਚ ਬਹੁ-

ਪੱਖੀ ਮੁਕਾਬਲਾ ਏ, ਜਿਸ ਵਿੱਚ 18 ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 28 ਉਮੀਦਵਾਰ ਚੋਣ ਮੈਦਾਨ ਵਿੱਚ ਨੇ । ਇੱਥੇ ਵੋਟਰਾਂ ਦੀ ਗਿਣਤੀ 16 ਲੱਖ 67 ਹਜ਼ਾਰ 797 ਏ ਅਤੇ ਇਸ ਵਿੱਚ 8 ਲੱਖ 76 ਹਜ਼ਾਰ 281 ਮਰਦ,7 ਲੱਖ 94 ਹਜ਼ਾਰ 272 ਔਰਤ ਜਦਕਿ 44 ਟਰਾਂਸਜੈਂਡਰ ਵੋਟਰ ਸ਼ਾਮਲ ਨੇ।

*ਹੋਰ ਵੇਰਵੇ ਨਾਲ ਇਹ ਰਿਪੋਰਟ-ਡਿਸਪੈਚ: ਮਾਝਾ ਖੇਤਰ ਦਾ ਖਡੂਰ ਸਾਹਿਬ ਲੋਕ ਸਭਾ ਹਲਕਾ ਪੂਰੀ ਤਰਾਂ ਨਾਲ ਪੇਂਡੂ ਆਧਾਰਤ ਏ ਅਤੇ ਇਸ ਹਲਕੇ ਤੋਂ 60 ਫੀਸਦੀ ਦੇ ਕਰੀਬ ਵੋਟਰ ਕਿਸਾਨ ਨੇ। ਆਮ ਆਦਮੀ ਪਾਰਟੀ ਨੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਚੋਣ ਮੈਦਾਨ ਵਿਚ ਉਤਾਰਿਆ ਏ ਜਿਹੜੇ ਇਸ ਖੇਤਰ ਦੇ ਇਕ ਹਲਕੇ ਤੋਂ ਵਿਧਾਇਕ ਵੀ ਨੇ ਪਰ ਉਨਾਂ ਨੂੰ ਆਪਣੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ। ਸ਼੍ਰੋਮਣੀ ਅਕਾਲੀ ਦਲ ਨੇ ਵਿਰਸਾ ਸਿੰਘ ਵਲਟੋਹਾ ਨੂੰ ਉਮੀਦਵਾਰ ਬਣਾਇਆ ਏ ਜਦਕਿ ਭਾਜਪਾ ਵਲੋਂ ਮਨਜੀਤ ਸਿੰਘ ਮੰਨਾ ਚੋਣ ਮੈਦਾਨ ਵਿਚ ਡਟੇ ਹੋਏ ਨੇ। ਕਾਂਗਰਸ ਪਾਰਟੀ ਨੇ ਮੌਜੂਦਾ ਸਾਂਸਦ*

*ਜਸਬੀਰ ਸਿੰਘ ਡਿਮਪਾ ਦੀ ਥਾਂ ਤੇ ਕੁਲਬੀਰ ਸਿੰਘ ਜੀਰਾ ਨੂੰ ਟਿਕਟ ਦਿੱਤੀ ਏ। ਅਸਾਮ ਦੀ ਜੇਲ ਵਿਚ ਬੰਦ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਨੇ ਇੱਥੋਂ ਚੋਣ ਮੈਦਾਨ ਵਿੱਚ ਨਿੱਤਰ ਕੇ ਇਸ ਮੁਕਾਬਲੇ ਨੂੰ ਦਿਲਚਸਪ ਬਣਾ ਦਿੱਤਾ ਏ। ਇਲਾਕੇ ਦੇ ਨੌਜਵਾਨ ਉਸ ਵੱਲ ਆਕਰਸ਼ਿਤ ਹੋ ਰਹੇ ਨੇ ਅਤੇ ਚੋਣ ਪ੍ਰਚਾਰ ਵੀ ਕਰ ਰਹੇ ਨੇ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਿਮਰਨਜੀਤ ਸਿੰਘ ਮਾਨ ਅਮ੍ਰਿਤਪਾਲ ਦੀ ਹਮਾਇਤ ਕਰ ਰਹੇ ਨੇ। ਪਿਛੋਕੜ ਤੇ ਝਾਤ ਪਾਈਏ ਤਾਂ ਇਸ ਹਲਕੇ ਵਿਚ ਸਮੇਂ-ਸਮੇਂ 'ਤੇ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਦਬਦਬਾ ਵੇਖਣ ਨੂੰ ਮਿਲਦਾ ਰਿਹਾ ਏ, ਪਰ ਹੁਣ ਸਥਿਤੀ ਅਜਿਹੀ ਨਹੀਂ ਏ। ਬਹੁਕੋਣੀ ਮੁਕਾਬਲੇ ਵਿਚ ਸਾਰੀਆਂ ਹੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਗਰਮੀ ਦੇ ਮੌਸਮ ਵਿਚ ਕਾਫੀ ਪਸੀਨਾ ਵਹਾਉਣਾ ਪੈ ਰਿਹਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ ਜਲੰਧਰ*

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ ਦੇ

ਮੱਦੇਨਜ਼ਰ, ਸੂਬੇ ਦੇ ਸਾਰੇ ਪੋਲਿੰਗ ਬੂਥਾਂ ਨੂੰ ਤੰਬਾਕੂ-ਰਹਿਤ ਐਲਾਨਿਆ ਏ। ਉਨ੍ਹਾਂ ਕਿਹਾ ਕਿ ਸਾਰੇ ਪੋਲਿੰਗ ਬੂਥਾਂ ‘ਤੇ ਸਿਗਰਟ, ਬੀੜੀ ਅਤੇ ਹੋਰ ਤੰਬਾਕੂ ਉਤਪਾਦਾਂ ਦੀ ਵਰਤੋਂ 'ਤੇ ਸਖ਼ਤ ਪਾਬੰਦੀ ਹੋਵੇਗੀ ਅਤੇ ਇਸ ਨੂੰ ਯਕੀਨੀ ਬਣਾਉਣ ਲਈ ਹਰੇਕ ਪੋਲਿੰਗ ਬੂਥ ਦੇ ਪ੍ਰੀ-ਜ਼ਾਈਡਿੰਗ ਅਫ਼ਸਰ ਨੂੰ ਨੋਡਲ ਅਫ਼ਸਰ ਵਜੋਂ ਨਿਯੁਕਤ ਕੀਤਾ ਗਿਆ ਏ। ਉਨਾਂ ਕਿਹਾ ਕਿ ਇਹ ਮਹੱਤਵਪੂਰਨ ਕਦਮ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਵੋਟਰਾਂ ਲਈ ਸੁਰੱਖਿਅਤ ਅਤੇ ਉਸਾਰੂ ਮਾਹੌਲ ਯਕੀਨੀ ਬਣਾਉਣ ਲਈ ਦਫ਼ਤਰ, ਮੁੱਖ ਚੋਣ ਅਫ਼ਸਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਾ ਏ।

---------------------------------------------------------------

ਮੋਹਾਲੀ ਦੇ ਜ਼ਿਲਾ ਚੋਣ ਅਫਸਰ ਆਸ਼ਿਕਾ ਜੈਨ ਨੇ ਐਮਿਟੀ ਇੰਟਰਨੈਸ਼ਨਲ ਸਕੂਲ ਵਿਖੇ ਇੰਟਰਨੈਸ਼ਨਲ ਏਅਰਪੋਰਟ ਮੁਹਾਲੀ ਦੀ ਥੀਮ ਉੱਤੇ ਇੱਕ ਮਾਡਲ ਪੋਲਿੰਗ ਬੂਥ ਦਾ ਉਦਘਾਟਨ ਕੀਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਵੋਟਿੰਗ ਸਲਿੱਪ ਨੂੰ ਬੋਰਡਿੰਗ ਪਾਸ ਦੇ ਰੂਪ ਵਿੱਚ ਦਿਖਾਉਣ ਲਈ ਇੱਕ ਰਿਸੈਪਸ਼ਨ ਦੇ

ਨਾਲ, ਏਅਰਪੋਰਟ ਟਰਮੀਨਲ ਦਾ ਅਹਿਸਾਸ ਦਿੱਤਾ ਜਾਵੇਗਾ। ਫਿਰ ਇੱਕ ਸੁਰੱਖਿਆ ਟੀਮ ਵੋਟ ਪਾਉਣ ਲਈ ਵੋਟਰ ਨੂੰ ਪੋਲਿੰਗ ਬੂਥ 'ਤੇ ਲੈ ਕੇ ਜਾਵੇਗੀ। ਉਨਾਂ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੱਧ ਚੜ ਕੇ ਵੋਟਿੰਗ ਕਰਨ ਦੀ ਅਪੀਲ ਕੀਤੀ।

---------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ ਪਰ ਮੌਸਮ ਵਿਭਾਗ ਅਨੁਸਾਰ ਭਲਕੇ 30 ਮਈ ਤੋਂ ਪਹਿਲੀ ਜੂਨ ਤਕ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ ਪਰ ਇਸ ਵੇਲੇ ਸਵੇਰ ਤੋਂ ਹੀ ਵਗਦੇ ਲੂ ਦੇ ਥਪੇੜੇ ਹਰ ਕਿਸੇ ਨੂੰ ਪਰੇਸ਼ਾਨ ਕਰ ਰਹੇ ਨੇ ਅਤੇ ਆਮ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਓਧਰ ਬਠਿੰਡਾ ਸ਼ਹਿਰ 'ਚ ਪਿਛਲੇ ਕੁਝ ਦਿਨਾਂ ਤੋਂ ਗਰਮੀ ਕਾਰਨ ਕਰੀਬ ਚਾਰ ਲੋਕਾਂ ਦੀ ਮੌਤ ਹੋਣ ਦੀ ਖਬਰ ਏ। ਇਕ ਗੈਰ ਸਰਕਾਰੀ ਸੰਸਥਾ ਸਹਾਰਾ ਲਾਈਫ ਸੇਵਿੰਗ ਬ੍ਰਿਗੇਡ ਦੇ ਮੈਂਬਰਾਂ ਵਲੋਂ ਸ਼ਹਿਰ 'ਚ ਗਰਮੀ ਕਾਰਨ ਬੇਹੋਸ਼ ਹੋਏ ਲੋਕਾਂ ਨੂੰ ਹਸਪਤਾਲਾਂ 'ਚ ਪਹੁੰਚਾਇਆ ਜਾ

ਰਿਹਾ ਏ। ਏਧਰ ਮੌਸਮ ਵਿਗਿਆਨੀਆਂ ਮੁਤਾਬਕ ਪੰਜਾਬ ਦੇ ਖੇਤਾਂ 'ਚ ਕਣਕ ਦੇ ਨਾੜ ਨੂੰ ਲਗਾਈ ਜਾ ਰਹੀ ਅੱਗ ਵੀ ਤਾਪਮਾਨ 'ਚ ਵਾਧੇ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਦਾ ਇਕ ਵੱਡਾ ਕਾਰਨ ਏ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ। ਲੋਕਾਂ ਨੂੰ ਸਲਾਹ ਦੇਂਦਿਆਂ ਅਥਾਰਿਟੀ ਨੇ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸ-ਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ।

---

ਪੰਜਾਬ ਵਿਚ ਅਨਫੋਰਸਮੈਂਟ ਡਾਇਰੈਕਟੋਰੇਟ ED ਦੇ ਅਧਿਕਾਰੀਆਂ ਨੇ

ਅੱਜ ਮਾਈਨਿੰਗ ਮਾਫੀਆ ਦੇ ਦਰਜਨ ਤੋਂ ਵੱਧ ਟਿਕਾਣਿਆਂ 'ਤੇ ਛਾਪੇਮਾਰੀ ਕਰਕੇ 3 ਕਰੋੜ ਰੁਪਏ ਅਤੇ ਦਸਤਾਵੇਜ਼ ਬਰਾਮਦ ਕੀਤੇ ਨੇ। ਈ ਡੀ ਦੇ ਅਧਿਕਾਰੀਆਂ ਨੇ ਜ਼ਬਤ ਕੀਤੀਆਂ ਜ਼ਮੀਨਾਂ 'ਤੇ ਮਾਈਨਿੰਗ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਰੂਪਨਗਰ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਮਾਈਨਿੰਗ ਮਾਫੀਆ ਦੇ ਠਿਕਾਣਿਆਂ 'ਤੇ ਛਾਪੇਮਾਰੀ ਕੀਤੀ। ਕਰੀਬ ਇੱਕ ਦਰਜਨ ਥਾਵਾਂ 'ਤੇ ਛਾਪੇਮਾਰੀ ਕਰਕੇ 3 ਕਰੋੜ ਰੁਪਏ ਅਤੇ ਕਈ ਦਸਤਾਵੇਜ਼ ਬਰਾਮਦ ਕੀਤੇ ਨੇ।

---------------------------------------------------------------

- ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਖੁੱਲ੍ਹੇ ਆਮ ਚੋਣ ਪ੍ਰਚਾਰ ਭਲਕੇ ਸ਼ਾਮ ਪੰਜ ਵਜੇ ਬੰਦ ਹੋ ਜਾਵੇਗਾ।
- BJP ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਹੁਸ਼ਿਆਰਪੁਰ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਨਗੇ, ਕਾਂਗਰਸ ਆਗੂ ਰਾਹੁਲ ਗਾਂਧੀ ਸਮੇਤ ਕਈ ਹੋਰਨਾਂ ਪਾਰਟੀਆਂ ਦੇ ਆਗੂਆਂ ਨੇ ਅੱਜ ਵੱਖ ਵੱਖ ਥਾਈਂ ਚੋਣ ਪ੍ਰਚਾਰ ਕੀਤਾ।

- ਮੌਸਮ ਵਿਭਾਗ ਅਨੁਸਾਰ ਭਲਕੇ 30 ਮਈ ਤੋਂ ਪਹਿਲੀ ਜੂਨ ਤਕ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ।